**TODAY'S HUKAMNAMA FROM SRI DARBAR SAHIB**
**Sri Amritsar.**

**[June 14, 2013, Friday 04:30 AM. IST]**

ਰਾਗੁ ਸੂਹੀ ਮਹਲਾ ੧ ਛੰਤੁ ਘਰੁ ੨
ੴ ਸਤਿਗੁਰ ਪ੍ਰਸਾਦਿ ॥

ਹਮ ਘਰਿ ਸਾਜਨ ਆਏ ॥ ਸਾਚੈ ਮੇਲਿ ਮਿਲਾਏ ॥ ਸਹਜਿ ਮਿਲਾਏ ਹਰਿ ਮਨਿ ਭਾਏ ਪੰਚ ਮਿਲੇ ਸੁਖੁ ਪਾਇਆ ॥ ਸਾਈ ਵਸਤੁ ਪਰਾਪਤਿ ਹੋਈ ਜਿਸੁ ਸੇਤੀ ਮਨੁ ਲਾਇਆ ॥ ਅਨਦਿਨੁ ਮੇਲੁ ਭਇਆ ਮਨੁ ਮਾਨਿਆ ਘਰ ਮੰਦਰ ਸੋਹਾਏ ॥ ਪੰਚ ਸਬਦ ਧੁਨਿ ਅਨਹਦ ਵਾਜੇ ਹਮ ਘਰਿ ਸਾਜਨ ਆਏ ॥੧॥ ਆਵਹੁ ਮੀਤ ਪਿਆਰੇ ॥ ਮੰਗਲ ਗਾਵਹੁ ਨਾਰੇ ॥ ਸਚੁ ਮੰਗਲੁ ਗਾਵਹੁ ਤਾ ਪ੍ਰਭ ਭਾਵਹੁ ਸੋਹਿਲੜਾ ਜੁਗ ਚਾਰੇ ॥ ਅਪਨੈ ਘਰਿ ਆਇਆ ਥਾਨਿ ਸੁਹਾਇਆ ਕਾਰਜ ਸਬਦਿ ਸਵਾਰੇ ॥ ਗਿਆਨ ਮਹਾ ਰਸੁ ਨੇਤ੍ਰੀ ਅੰਜਨੁ ਤ੍ਰਿਭਵਣ ਰੂਪੁ ਦਿਖਾਇਆ ॥ ਸਖੀ ਮਿਲਹੁ ਰਸਿ ਮੰਗਲੁ ਗਾਵਹੁ ਹਮ ਘਰਿ ਸਾਜਨੁ ਆਇਆ ॥੨॥ ਮਨੁ ਤਨੁ ਅੰਮ੍ਰਿਤਿ ਭਿੰਨਾ ॥ ਅੰਤਰਿ ਪ੍ਰੇਮੁ ਰਤੰਨਾ ॥ ਅੰਤਰਿ ਰਤਨੁ ਪਦਾਰਥੁ ਮੇਰੈ ਪਰਮ ਤਤੁ ਵੀਚਾਰੋ ॥ ਜੰਤ ਭੇਖ ਤੂ ਸਫਲਿਓ ਦਾਤਾ ਸਿਰਿ ਸਿਰਿ ਦੇਵਣਹਾਰੋ ॥ ਤੂ ਜਾਨੁ ਗਿਆਨੀ ਅੰਤਰਜਾਮੀ ਆਪੇ ਕਾਰਣੁ ਕੀਨਾ ॥ ਸੁਨਹੁ ਸਖੀ ਮਨੁ ਮੋਹਨਿ ਮੋਹਿਆ ਤਨੁ ਮਨੁ ਅੰਮ੍ਰਿਤਿ ਭੀਨਾ ॥੩॥ ਆਤਮ ਰਾਮੁ ਸੰਸਾਰਾ ॥ ਸਾਚਾ ਖੇਲੁ ਤੁਮ੍ਹਾਰਾ ॥ ਸਚੁ ਖੇਲੁ ਤੁਮ੍ਹਾਰਾ ਅਗਮ ਅਪਾਰਾ ਤੁਧੁ ਬਿਨੁ ਕਉਣੁ ਬੁਝਾਏ ॥ ਸਿਧ ਸਾਧਿਕ ਸਿਆਣੇ ਕੇਤੇ ਤੁਝ ਬਿਨੁ ਕਵਣੁ ਕਹਾਏ ॥ ਕਾਲੁ ਬਿਕਾਲੁ ਭਏ ਦੇਵਾਨੇ ਮਨੁ ਰਾਖਿਆ ਗੁਰਿ ਠਾਏ ॥ ਨਾਨਕ ਅਵਗਣ ਸਬਦਿ ਜਲਾਏ ਗੁਣ ਸੰਗਮਿ ਪ੍ਰਭੁ ਪਾਏ ॥੪॥੧॥੨॥

ਇਸ ਛੰਤ ਸ਼ਬਦ ਵਿਚ ਪ੍ਰਭੂ ਮਿਲਾਪ ਦੀ ਅਵੱਸਥਾ ਦਾ ਵਰਣਨ ਕੀਤਾ ਗਿਆ ਹੈ ।ਇਸ ਲਈ ਪਹਿਲਾਂ ਸੱਚੀ ਤਾਂਘ ਪੈਦਾ ਹੁੰਦੀ ਹੈ ਜਿਸਤਰ੍ਹਾਂ ਸੰਸਾਰਕ ਵਸਤੂਆਂ ਲਈ ਮਨੁੱਖ ਪਹਿਲਾਂ ਚਾਹ ਕਰਦਾ ਹੈ ਤੇ ਫ਼ਿਰ ਉਨ੍ਹਾਂ ਨੂੰ ਪ੍ਰਾਪਤ ਕਰਨ ਦੇ ਲਗਾਤਾਰ ਯਤਨ ਕਰਦਾ ਰਹਿੰਦਾ ਹੈ ।ਇਸੇਤਰ੍ਹਾਂ ਪ੍ਰਭੂ ਮਿਲਾਪ ਦੀ ਲਗਾਤਾਰ ਤਾਂਘ ਤੇ ਸਤਿਸੰਗੀਆਂ ਨਾਲ ਰਲਕੇ ਨਾਮ ਸਿਮਰਨ ਕਰਨ ਨਾਲ ਮਿਲਾਪ ਦੀ ਅਵੱਸਥਾ ਮਨ ਅੰਤਰ ਵਿਚ ਪੈਦਾ ਹੁੰਦੀ ਹੈ । ਇਸ ਅਵੱਸਥਾ ਵਿਚ ਮਨ ਪ੍ਰਭੂ ਪ੍ਰੇਮ ਨਾਲ ਭਰਪੂਰ ਹੋ ਜਾਂਦੀ ਹੈ ਤੇ ਪਰਮ ਆਨੰਦ ਦਾ ਰਸ ਮਾਣਦਾ ਹੈ ।ਮਨ ਵਿਚ ਅੰਮ੍ਰਿਤਰਸ ਦੀ ਇਕ ਸੰਗੀਤਮਈ ਅਵੱਸਥ ਬਣ ਜਾਂਦੀ ਹੈ। ਮਨ ਦੀ ਦੌੜ ਭਜ ਮੁਕ ਜਾਂਦੀ ਹੈ ਇਥੋਂ ਤਕ ਕਿ ਇਸ ਉਤੇ ਸਮੇ ਦਾ ਵਕਤੀ ਪ੍ਰਭਾਵ ਵੀ ਨਹੀਂ ਪੋਂਦਾ ਤੇ ਸਦੀਵ ਕਾਲ ਵਿਚ ਮਨ ਲੀਨ ਹੋ ਜਾਂਦਾ ਹੈ ।